# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :24-10-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ 17ਵੇਂ ਰਾਸ਼ਟਰੀ ਰੁਜ਼ਗਾਰ ਮੇਲੇ ਦੌਰਾਨ, 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡੇ- ਕਿਹਾ ਰੁਜ਼ਗਾਰ ਮੇਲੇ, ਦੇਸ਼ ਦੇ ਨੌਜਵਾਨਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਇੱਕ ਮਾਧਿਅਮ ਬਣ ਗਏ ਨੇ -ਜਲੰਧਰ ਅਤੇ ਪਟਿਆਲਾ ਵਿਚ ਵੀ ਰੁਜ਼ਗਾਰ ਮੇਲਿਆਂ ਦਾ ਆਯੋਜਨ ।
- ਵਿਸ਼ਵ ਪੋਲੀਓ ਦਿਵਸ ਮੌਕੇ ਕੇਂਦਰੀ ਸਿਹਤ ਮੰਤਰੀ, ਜਗਤ ਪ੍ਰਕਾਸ਼ ਨੱਡਾ ਨੇ ਰਾਸ਼ਟਰੀ ਉਪਰਾਲਿਆਂ ਰਾਹੀਂ, ਪੋਲੀਓ ਦੇ ਖਾਤਮੇ ਵਿੱਚ ਭਾਰਤ ਦੀ ਸ਼ਾਨਦਾਰ ਯਾਤਰਾ ਨੂੰ ਉਜਾਗਰ ਕੀਤਾ।

- ਭਾਰਤ-ਤਿੱਬਤੀਅਨ ਸਰਹੱਦੀ ਪੁਲਿਸ-ITBP ਅੱਜ ਆਪਣਾ ਸਥਾਪਨਾ ਦਿਵਸ ਮਨਾ ਰਹੀ ਏ ।
- ਤਰਨਤਾਰਨ ਜ਼ਿਮਨੀ ਚੋਣ ਲਈ 15 ਉਮੀਦਵਾਰ ਚੋਣ ਮੈਦਾਨ ਵਿੱਚ- ਸਾਰੇ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕੀਤੇ ਗਏ।
- ਭਾਰਤ ਦੀਆਂ ਅੰਡਰ-18 ਮੁੰਡਿਆਂ ਅਤੇ ਕੁੜੀਆਂ ਦੀਆਂ ਟੀਮਾਂ ਨੇ, ਬਹਿਰੀਨ ਵਿੱਚ ਏਸ਼ੀਆਈ ਯੁਵਾ ਖੇਡਾਂ 2025 ਵਿੱਚ, ਸੋਨੇ ਦੇ ਤਮਗੇ ਜਿੱਤੇ ਨੇ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਰੁਜ਼ਗਾਰ ਮੇਲੇ, ਦੇਸ਼ ਦੇ ਨੌਜਵਾਨਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਇੱਕ ਮਾਧਿਅਮ ਬਣ ਗਏ ਨੇ। ਪ੍ਰਧਾਨ ਮੰਤਰੀ ਨੇ ਇਹ ਗੱਲ ਨਵੀਂ ਦਿੱਲੀ ਵਿੱਚ 17ਵੇਂ ਰਾਸ਼ਟਰੀ ਰੋਜ਼ਗਾਰ ਮੇਲੇ ਵਿੱਚ ਇੱਕ ਵੀਡੀਓ ਸੰਦੇਸ਼ ਵਿੱਚ ਕਹੀ। ਇਸ ਸਮਾਗਮ ਦੌਰਾਨ, ਰੋਜ਼ਗਾਰ ਮੇਲਾ ਪਹਿਲਕਦਮੀ ਤਹਿਤ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵੇਂ ਭਰਤੀ ਹੋਏ 51 ਹਜ਼ਾਰ ਤੋਂ ਵੱਧ

ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। ਸ਼੍ਰੀ ਮੋਦੀ ਨੇ ਕਿਹਾ, ਇਨ੍ਹਾਂ ਰੁਜ਼ਗਾਰ ਮੇਲਿਆਂ ਰਾਹੀਂ ਹੀ ਪਿਛਲੇ ਕੁਝ ਸਮੇਂ ਵਿੱਚ 11 ਲੱਖ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਨੇ।

BYTE

ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ 11 ਸਾਲਾਂ ਤੋਂ, ਦੇਸ਼ ਇੱਕ ਵਿਕਸਤ ਭਾਰਤ ਬਣਾਉਣ ਦੇ ਇਰਾਦੇ ਨਾਲ ਅੱਗੇ ਵਧ ਰਿਹਾ ਏ, ਅਤੇ ਨੌਜਵਾਨਾਂ ਨੇ ਇਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ। ਸ਼੍ਰੀ ਮੋਦੀ ਨੇ ਪ੍ਰਤਿਭਾ ਸੇਤੂ ਪੋਰਟਲ ਨੂੰ ਨੌਜਵਾਨਾਂ ਲਈ ਇੱਕ ਹੋਰ ਵੱਡਾ ਕਦਮ ਵੀ ਦੱਸਿਆ।

BYTE

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੌਜਵਾਨਾਂ ਦੀ ਸ਼ਕਤੀ ਨੂੰ ਦੇਸ਼ ਦੀ ਸਭ ਤੋਂ ਵੱਡੀ ਤਾਕਤ ਮੰਨਦੀ ਏ। ਉਨ੍ਹਾਂ ਕਿਹਾ ਕਿ ਭਾਰਤ ਦੀ ਵਿਦੇਸ਼ ਨੀਤੀ ਦੇਸ਼ ਦੇ ਨੌਜਵਾਨਾਂ ਨੂੰ ਧਿਆਨ ਵਿੱਚ ਰੱਖ ਕੇ ਬਣਾਈ ਜਾ ਰਹੀ ਏ।

-----------------------------------------------------------

ਏਧਰ ਪੰਜਾਬ ਵਿਚ ਦੋ ਜ਼ਿਲਿਆਂ ਜਲੰਧਰ ਅਤੇ ਪਟਿਆਲਾ ਵਿਚ

ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਗਿਆ। ਜਲੰਧਰ ਸਥਿਤ Dr B R ਅੰਬੇਡਕਰ ਨੈਸ਼ਨਲ ਇੰਸਟੀਟਿਊਟ ਆਫ ਟੈਕਨੋਲੋਜੀ ਵਿਚ ਹੋਏ ਰੋਜ਼ਗਾਰ ਮੇਲੇ ਦੌਰਾਨ ਪੰਜਾਬ ਸਰਕਲ ਦੇ ਚੀਫ ਪੋਸਟ ਮਾਸਟਰ ਜਨਰਲ ਵਿਨੋਦ ਕੁਮਾਰ ਵਰਮਾ ਅਤੇ ਐਨ.ਆਈ.ਟੀ ਜਲੰਧਰ ਦੇ ਡਾਇਰੈਕਟਰ ਪ੍ਰੋ: ਬਿਨੋਦ ਕੁਮਾਰ ਕਨੌਜੀਆ ਮੁੱਖ ਮਹਿਮਾਨ ਰਹੇ । ਵਿਨੋਦ ਕੁਮਾਰ ਵਰਮਾ ਨੇ ਨੌਜਵਾਨਾਂ ਨੂੰ ਹੋਰ ਜ਼ਿਆਦਾ ਉਪਲਬਧੀਆਂ ਲਈ ਸਖ਼ਤ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਵਿਸ਼ੇ ਤੋਂ ਇਲਾਵਾ ਹੋਰ ਵਿਸ਼ਿਆਂ ਦੀ ਜਾਣਕਾਰੀ ਵੀ ਪ੍ਰਾਪਤ ਕਰਦੇ ਰਹਿਣਾ ਚਾਹੀਦਾ ਏ , ਜਿਸ ਨਾਲ ਸਾਡੇ ਹੁਨਰ ਵਿੱਚ ਬਹੁਪੱਖੀ ਨਿਖਾਰ ਆ ਸਕੇ। ਡਾਇਰੈਕਟਰ ਪ੍ਰੋ. ਬਿਨੋਦ ਕੁਮਾਰ ਕਨੌਜੀਆ ਨੇ ਨਵ-ਨਿਯੁਕਤਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਦੇਸ਼ ਦੀ ਤਰੱਕੀ ਵਿੱਚ ਨੌਜਵਾਨ ਵਰਗ ਦੀ ਖ਼ਾਸ ਭੂਮਿਕਾ ਏ। ਇਸ ਮੌਕੇ ਉਨ੍ਹਾਂ 180 ਤੋਂ ਵੱਧ ਨਵ ਨਿਯੁਕਤ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ਗਏ । ਉਮੀਦਵਾਰ ਕਿਰਤੀ ਜੈਨ ਨੇ ਸਰਕਾਰ ਦਾ ਸ਼ੁਕਰੀਆ ਅਦਾ ਕੀਤਾ।

BYTE

ਓਧਰ ਪਟਿਆਲਾ ਦੇ ਪੀ.ਐਲ.ਡਬਲਯੂ ਆਡੀਟੋਰੀਅਮ ਵਿਚ ਮੁੱਖ ਮਹਿਮਾਨ ਡਾਕ ਸੇਵਾਵਾਂ ਦੇ ਡਾਇਰੈਕਟਰ ਪਦਮਗੰਧਾ ਮਿਸ਼ਰਾ ਨੇ ਚੁਣੇ ਗਏ 200 ਤੋਂ ਵੱਧ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ। ਉਨ੍ਹਾਂ ਨਵ-ਨਿਯੁਕਤਾਂ ਨੂੰ ਵਧਾਈ ਦਿੰਦੇ ਹੋਏ  ਕਰਮਯੋਗੀ ਪਲੇਟਫਾਰਮ 'ਤੇ ਜਾ ਕੇ ਆਪਣੇ ਆਪ ਨੂੰ ਲਗਾਤਾਰ ਅਪਗ੍ਰੇਡ ਕਰਦੇਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇੱਕ ਵਾਰ ਜਦੋਂ ਕੋਈ ਉਪਲਬਧੀ ਹਾਸਿਲ ਹੋ ਜਾਂਦੀ ਏ ਤਾਂ ਉੱਥੇ ਹੀ ਰੁਕਣਾ ਨਹੀਂ ਚਾਹੀਦਾ ਸਗੋਂ ਹਮੇਸ਼ਾ ਕੁਝ ਨਵਾਂ ਸਿੱਖ ਕੇ ਅੱਗੇ ਵਧਣ ਦੀ ਕੋਸ਼ਿਸ਼ ਕਰਨੀ ਚਾਹੀਦੀ ਏ। ਇਸ ਮੌਕੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਉਮੀਦਵਾਰ ਹੇਮੰਤ ਕੁਮਾਰ ਨੇ ਕਿਹਾ।

BYTE

--------------------------------------------------------

ਅੱਜ ਵਿਸ਼ਵ ਪੋਲੀਓ ਦਿਵਸ ਏ। ਇਸ ਮੌਕੇ 'ਤੇ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਮਜ਼ਬੂਤ ਜਨਤਕ ਭਾਗੀਦਾਰੀ ਰਾਹੀਂ ਪੋਲੀਓ ਖਾਤਮੇ ਵਿੱਚ ਭਾਰਤ ਦੇ ਸ਼ਾਨਦਾਰ ਸਫ਼ਰ 'ਤੇ ਚਾਨਣਾ

ਪਾਇਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਨੱਡਾ ਨੇ ਕਿਹਾ ਕਿ ਪੋਲੀਓ ਖਾਤਮੇ ਵਿੱਚ ਸਫਲਤਾ ਸਿਹਤ ਕਰਮਚਾਰੀਆਂ ਦੇ ਉਪਰਾਲਿਆਂ ਨਾਲ ਸੰਭਵ ਹੋਈ ਏ , ਜਿਨ੍ਹਾਂ ਨੇ ਹਰ ਘਰ ਤੱਕ ਪਹੁੰਚ ਕੀਤੀ ਅਤੇ ਇਹ ਯਕੀਨੀ ਬਣਾਇਆ ਕਿ ਇਸ ਬਿਮਾਰੀ ਵਿਰੁੱਧ ਲੜਾਈ ਵਿੱਚ ਕੋਈ ਵੀ ਬੱਚਾ ਪਿੱਛੇ ਨਾ ਰਹੇ। ਇਸੇ ਤਹਿਤ ਰੋਟਰੀ ਕਲੱਬ ਚੰਡੀਗੜ੍ਹ ਅਤੇ ਏਮਜ਼ ਮੋਹਾਲੀ ਦੇ ਰੋਟਰੀ ਕਲੱਬ ਵੱਲੋਂ ਪੋਲੀਓ ਮਾ ਦੇ ਖਾਤਮੇ ਲਈ ਜਾਗਰੂਕਤਾ ਪੈਦਾ ਕਰਨ ਲਈ ਵਿਸ਼ਵ ਪੋਲੀਓ ਦਿਵਸ ਮਨਾਇਆ ਗਿਆ। ਏਮਜ਼ ਮੋਹਾਲੀ ਦੀ ਡਾਇਰੈਕਟਰ-ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਖਾਤਮੇ ਤੋਂ ਪਹਿਲਾਂ ਦੇ ਯੁੱਗ ਤੋਂ ਇੱਕ ਬਾਲ ਰੋਗ ਵਿਗਿਆਨੀ ਵਜੋਂ ਆਪਣੇ ਤਜਰਬੇ ਨੌਜਵਾਨ ਬਾਲ ਰੋਗ ਵਿਗਿਆਨੀਆਂ ਨਾਲ ਸਾਂਝੇ ਕੀਤੇ ।

-----------------------------------------------------

ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਹੋ ਰਹੀ ਜ਼ਿਮਨੀ ਚੋਣ ਲਈ ਅੱਜ ਨਾਮਜ਼ਦਗੀ ਪੱਤਰ ਵਾਪਸ ਲੈਣ ਦੇ ਆਖਰੀ ਦਿਨ ਤੋਂ ਬਾਅਦ 15 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਨੇ । ਨਾਮਜ਼ਦਗੀ ਪੱਤਰ ਵਾਪਸ ਲੈਣ ਦੇ ਆਖਰੀ ਦਿਨ ਅੱਜ 5 ਉਮੀਦਵਾਰਾਂ ਨੇ ਆਪਣੀ

ਉਮੀਦਵਾਰੀ ਵਾਪਸ ਲੈ ਲਈ ਏ। ਰਿਟਰਨਿੰਗ ਅਫਸਰ ਗੁਰਮੀਤ ਸਿੰਘ ਨੇ ਦੱਸਿਆ ਕਿ ਹੁਣ ਚੋਣ ਮੈਦਾਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਸੁਖਵਿੰਦਰ ਕੌਰ, ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਹਰਜੀਤ ਸਿੰਘ ਸੰਧੂ, ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ, ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ, ਸੱਚੋ ਸੱਚ ਪਾਰਟੀ ਦੇ ਉਮੀਦਵਾਰ ਸ਼ਾਮ ਲਾਲ ਗਾਂਧੀ, ਨੈਸ਼ਨਲਿਸਟ ਜਸਟਿਸ ਪਾਰਟੀ ਦੇ ਉਮੀਦਵਾਰ ਨਾਇਬ ਸਿੰਘ, ਅਜ਼ਾਦ ਉਮੀਦਵਾਰ ਅਰੁਨ ਕੁਮਾਰ ਖੁਰਮੀ ਰਾਜਪੂਤ, ਅਜ਼ਾਦ ਉਮੀਦਵਾਰ ਹਰਪਾਲ ਸਿੰਘ ਭੰਗੂ, ਅਜ਼ਾਦ ਉਮੀਦਵਾਰ ਹਰਬਰਿੰਦਰ ਕੌਰ ਉਸਮਾ, ਅਜ਼ਾਦ ਉਮੀਦਵਾਰ ਐਡਵੋਕੇਟ ਕੋਮਲਪ੍ਰੀਤ ਸਿੰਘ, ਅਜ਼ਾਦ ਉਮੀਦਵਾਰ ਜਸਵੰਤ ਸਿੰਘ ਸੋਹਲ, ਆਜ਼ਾਦ ਉਮੀਦਵਾਰ ਨੀਟੂ ਸ਼ਟਰਾਂ ਵਾਲਾ, ਅਜ਼ਾਦ ਉਮੀਦਵਾਰ ਮਨਦੀਪ ਸਿੰਘ, ਅਜ਼ਾਦ ਉਮੀਦਵਾਰ ਮਨਦੀਪ ਸਿੰਘ ਖ਼ਾਲਸਾ ਅਤੇ ਅਜ਼ਾਦ ਉਮੀਦਵਾਰ ਵਿਜੇ ਕੁਮਾਰ ਰਹਿ ਗਏ ਹਨ। ਰਿਟਰਨਿੰਗ ਅਫਸਰ ਨੇ ਦੱਸਿਆ ਕਿ ਸਾਰੇ ਉਮੀਦਵਾਰਾਂ ਨੂੰ ਅੱਜ ਚੋਣ ਨਿਸ਼ਾਨ ਅਲਾਟ ਕਰ

ਦਿੱਤੇ ਗਏ ਨੇ। ਉਨ੍ਹਾਂ ਦੱਸਿਆ ਕਿ ਵੋਟਾਂ 11 ਨਵੰਬਰ ਨੂੰ ਪੈਣਗੀਆਂ `ਤੇ ਵੋਟਾਂ ਦੀ ਗਿਣਤੀ 14 ਨਵੰਬਰ ਨੂੰ ਹੋਵੇਗੀ।

---------------------------------------------------------------

ਭਾਰਤ-ਤਿੱਬਤੀਅਨ ਸਰਹੱਦੀ ਪੁਲਿਸ-ITBP ਅੱਜ ਆਪਣਾ ਸਥਾਪਨਾ ਦਿਵਸ ਮਨਾ ਰਹੀ ਏ । ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਆਈ.ਟੀ.ਬੀ.ਪੀ ਦੇ ਸਥਾਪਨਾ ਦਿਵਸ ਦੇ ਮੌਕੇ 'ਤੇ ਭਾਰਤ-ਤਿੱਬਤ ਸਰਹੱਦੀ ਪੁਲਿਸ ਦੇ ਬਹਾਦਰ ਨਾਇਕਾਂ ਦੀ ਪ੍ਰਸ਼ੰਸਾ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਆਈ.ਟੀ.ਬੀ.ਪੀ ਹਿਮਾਲੀਅਨ ਸਰਹੱਦਾਂ 'ਤੇ ਰੱਖਿਆ ਦੀ ਪਹਿਲੀ ਕਤਾਰ ਵਜੋਂ ਖੜ੍ਹੀ ਏ । ਉਪ ਰਾਸ਼ਟਰਪਤੀ ਨੇ ਕਿਹਾ ਕਿ ਆਪਣੀ ਸ਼ੁਰੂਆਤ ਤੋਂ ਹੀ, ਆਈ.ਟੀ.ਬੀ.ਪੀ ਨੇ ਭਾਰਤ ਦੀਆਂ ਸਰਹੱਦਾਂ ਅਤੇ ਲੋਕਾਂ ਦੀ ਸੁਰੱਖਿਆ ਲਈ ਹਿੰਮਤ, ਅਨੁਸ਼ਾਸਨ ਅਤੇ ਅਟੁੱਟ ਵਚਨਬੱਧਤਾ ਦੀ ਮਿਸਾਲ ਕਾਇਮ ਕੀਤੀ ਏ । ਉਪ ਰਾਸ਼ਟਰਪਤੀ ਨੇ ਕਾਮਨਾ ਕੀਤੀ ਕਿ ਆਈਟੀਬੀਪੀ ਦੀ ਕੁਰਬਾਨੀ ਅਤੇ ਉੱਤਮਤਾ ਦੀ ਭਾਵਨਾ ਭਾਰਤ ਦੀ ਅਗਵਾਈ ਅਤੇ ਰੱਖਿਆ ਕਰਦੀ ਰਹੇ। ਗ੍ਰਹਿ ਮੰਤਰੀ

ਅਮਿਤ ਸ਼ਾਹ ਨੇ ITBP ਨੂੰ ਇਸਦੇ ਸਥਾਪਨਾ ਦਿਵਸ 'ਤੇ ਵਧਾਈ ਦਿੱਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸ਼ਾਹ ਨੇ ਹਿਮਵੀਰਾਂ ਦੀ ਕਠੋਰ ਹਾਲਤਾਂ ਅਤੇ ਮੁਸ਼ਕਲ ਮੌਸਮ ਵਿੱਚ ਦੇਸ਼ ਦੀ ਰੱਖਿਆ ਕਰਨ ਵਿੱਚ ਉਨ੍ਹਾਂ ਦੀ ਹਿੰਮਤ ਅਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ। ਏਧਰ ਜਲੰਧਰ ਸਥਿਤ ITBP ਦੇ ਕੈਂਪਸ ਵਿੱਚ ਸਥਾਪਨਾ ਦਿਵਸ ਮਨਾਇਆ ਗਿਆ | ਬਲ ਦੇ ਕੈਮਾਂਡੈਂਟ  ਬੂਟਾ ਸਿੰਘ ਨੇ ਸਲਾਮੀ ਲਈ  ITBP ਜਵਾਨਾਂ ਤੇ ਉਹਨਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ  |

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਜੀਐਸਟੀ ਬਚਤ ਉਤਸਵ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ। ਅੱਜ ਅਸੀਂ ਗੱਲ ਕਰਾਂਗੇ ਕਿ ਕਿਵੇਂ ਇਹ

ਨਵੇਂ GST ਸੁਧਾਰ, ਪੰਜਾਬ ਦੇ ਵੱਖ-ਵੱਖ ਵਰਗਾਂ ਨੂੰ ਲਾਭ ਪਹੁੰਚਾ ਰਹੇ ਨੇ|

ਪੇਸ਼ ਏ ਇੱਕ ਰਿਪੋਰਟ:

ਨਵੇਂ GST ਸੁਧਾਰ ਪੰਜਾਬ ਦੇ ਕਿਸਾਨਾਂ, ਖਪਤਕਾਰਾਂ, ਕਾਰੀਗਰਾਂ ਅਤੇ ਛੋਟੇ ਕਾਰੋਬਾਰਾਂ ਲਈ ਲਾਭਕਾਰੀ ਸਿੱਧ ਹੋ ਰਹੇ ਨੇ। ਮੋਹਾਲੀ ਤੋਂ ਇੱਕ ਕਿਸਾਨ ਸੁਰਜੀਤ ਸਿੰਘ ਨੇ ਖੇਤੀਬਾੜੀ ਖੇਤਰ ਵਿਚ GST ਘਟਾਉਣ ਲਈ ਕੇਂਦਰ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਦੇ ਇਸ ਕਦਮ ਨੇ ਟਰੈਕਟਰਾਂ ਨੂੰ ਕਾਫ਼ੀ ਕਿਫਾਇਤੀ ਬਣਾ ਦਿੱਤਾ ਏ.

Byte

ਮੋਹਾਲੀ ਤੋਂ ਹੀ ਇੱਕ ਗ੍ਰਹਿਣੀ, ਰਜਨੀ ਨੇ ਕਿਹਾ ਕਿ GST ਘਟਣ ਨਾਲ ਗੱਡੀਆਂ ਦੀਆਂ ਕੀਮਤਾਂ ਵਿੱਚ ਕਮੀ ਆਈ ਏ, ਜਿਸ ਕਾਰਨ ਉਹ ਗੱਡੀ ਖਰੀਦਣ ਦੇ ਯੋਗ ਹੋ ਗਏ ਨੇ। ਉਨ੍ਹਾਂ ਨੇ GST ਦਰਾਂ ਵਿੱਚ ਕਮੀ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ।

Byte

ਨਵੇਂ GST ਸੁਧਾਰ ਵੱਖ-ਵੱਖ ਵਸਤਾਂ ਅਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ, ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ।

ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈ ਕਾਜਲ

---------------------------------------------------

ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਹੋ ਰਹੀ ਜ਼ਿਮਨੀ ਚੋਣ ਲਈ ਅੱਜ ਨਾਮਜ਼ਦਗੀ ਪੱਤਰ ਵਾਪਸ ਲੈਣ ਦੇ ਆਖਰੀ ਦਿਨ ਤੋਂ ਬਾਅਦ 15 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਨੇ। ਨਾਮਜ਼ਦਗੀ ਪੱਤਰ ਵਾਪਸ ਲੈਣ ਦੇ ਆਖਰੀ ਦਿਨ ਅੱਜ 5 ਉਮੀਦਵਾਰਾਂ ਨੇ ਆਪਣੀ ਉਮੀਦਵਾਰੀ ਵਾਪਸ ਲੈ ਲਈ ਏ। ਰਿਟਰਨਿੰਗ ਅਫਸਰ ਗੁਰਮੀਤ ਸਿੰਘ ਨੇ ਦੱਸਿਆ ਕਿ ਹੁਣ ਚੋਣ ਮੈਦਾਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਸੁਖਵਿੰਦਰ ਕੌਰ, ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਹਰਜੀਤ ਸਿੰਘ ਸੰਧੂ, ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ, ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ, ਸੱਚੋ ਸੱਚ ਪਾਰਟੀ ਦੇ ਉਮੀਦਵਾਰ ਸ਼ਾਮ ਲਾਲ ਗਾਂਧੀ, ਨੈਸ਼ਨਲਿਸਟ ਜਸਟਿਸ ਪਾਰਟੀ ਦੇ ਉਮੀਦਵਾਰ ਨਾਇਬ ਸਿੰਘ, ਅਜ਼ਾਦ ਉਮੀਦਵਾਰ ਅਰੁਨ ਕੁਮਾਰ ਖੁਰਮੀ ਰਾਜਪੂਤ, ਅਜ਼ਾਦ ਉਮੀਦਵਾਰ ਹਰਪਾਲ ਸਿੰਘ ਭੰਗੂ, ਅਜ਼ਾਦ ਉਮੀਦਵਾਰ ਹਰਬਰਿੰਦਰ ਕੌਰ ਉਸਮਾ, ਅਜ਼ਾਦ ਉਮੀਦਵਾਰ ਐਡਵੋਕੇਟ ਕੋਮਲਪ੍ਰੀਤ ਸਿੰਘ, ਅਜ਼ਾਦ ਉਮੀਦਵਾਰ ਜਸਵੰਤ ਸਿੰਘ

ਸੋਹਲ, ਆਜ਼ਾਦ ਉਮੀਦਵਾਰ ਨੀਟੂ ਸ਼ਟਰਾਂ ਵਾਲਾ, ਅਜ਼ਾਦ ਉਮੀਦਵਾਰ ਮਨਦੀਪ ਸਿੰਘ, ਅਜ਼ਾਦ ਉਮੀਦਵਾਰ ਮਨਦੀਪ ਸਿੰਘ ਖ਼ਾਲਸਾ ਅਤੇ ਅਜ਼ਾਦ ਉਮੀਦਵਾਰ ਵਿਜੇ ਕੁਮਾਰ ਰਹਿ ਗਏ ਹਨ। ਰਿਟਰਨਿੰਗ ਅਫਸਰ ਨੇ ਦੱਸਿਆ ਕਿ ਸਾਰੇ ਉਮੀਦਵਾਰਾਂ ਨੂੰ ਅੱਜ ਚੋਣ ਨਿਸ਼ਾਨ ਅਲਾਟ ਕਰ ਦਿੱਤੇ ਗਏ ਨੇ । ਉਨ੍ਹਾਂ ਦੱਸਿਆ ਕਿ ਵੋਟਾਂ 11 ਨਵੰਬਰ ਨੂੰ ਪੈਣਗੀਆਂ `ਤੇ ਵੋਟਾਂ ਦੀ ਗਿਣਤੀ 14 ਨਵੰਬਰ ਨੂੰ ਹੋਵੇਗੀ।

---------------------------------------------------------

ਬਠਿੰਡਾ ਦੇ ਸਿਵਲ ਸਰਜਨ ਡਾ. ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾ ਅਤੇ ਜਿਲ੍ਹਾ ਸਿਹਤ ਅਫ਼ਸਰ ਡਾ. ਊਸ਼ਾ ਗੋਇਲ ਦੀ ਅਗਵਾਈ ਹੇਠ ਤੰਬਾਕੂ ਜਾਗਰੂਕਤਾ ਰੈਲੀ ਕੱਢੀ ਗਈ । ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆ ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਦੱਸਿਆ ਕਿ ਤੰਬਾਕੂ ਦੀ ਰੋਕਥਾਮ ਬਾਰੇ ਰਾਸ਼ਟਰੀ ਪ੍ਰੋਗਰਾਮ ਅਧੀਨ ਮੁਹਿੰਮ ਚਲਾਈ ਗਈ ਏ ਜੋ ਦਸੰਬਰ ਤੱਕ ਚਲੇਗੀ ਜਿਸ ਦਾ ਮੁੱਖ ਉਦੇਸ਼ ਆਮ ਲੋਕਾਂ, ਸਕੂਲ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾ ਤੋਂ ਜਾਣੂ ਕਰਾਉਣ, ਤੰਬਾਕੂ ਕਾਰਨ ਮੂੰਹ ਦਾ ਕੈਂਸਰ ਅਤੇ ਫੇਫੜਿਆਂ ਦੀ ਟੀ.ਬੀ

ਆਦਿ ਮਾਰੂ ਬਿਮਾਰੀਆਂ ਤੋਂ ਬਚਾਓ ਲਈ ਜਾਗਰੂਕਤਾ ਪੈਦਾ ਕਰਨਾ ਏ ।

---------------------------------------------------------------------------

ਸੀਮਾ ਸੁਰੱਖਿਆ ਬਲ ਨੇ ਪਿਛਲੇ 24 ਘੰਟਿਆਂ ਵਿੱਚ ਪੰਜਾਬ ਸਰਹੱਦ 'ਤੇ 3 ਹੋਰ ਪਾਕਿਸਤਾਨੀ ਡਰੋਨਾਂ ਨੂੰ ਬੇਅਸਰ ਕੀਤਾ । ਬੀਐਸਐਫ ਦੇ ਜਵਾਨਾਂ ਨੇ ਅੰਮ੍ਰਿਤਸਰ ਸਰਹੱਦ 'ਤੇ ਪਿੰਡ ਚਕੱਲਬਖਸ਼ ਦੇ ਨੇੜੇ 2 ਡਰੋਨ ਅਤੇ ਪਿੰਡ ਰੋੜਾਂਵਾਲਾ ਦੇ ਨੇੜੇ 1 ਡਰੋਨ ਬਰਾਮਦ ਕੀਤਾ ਗਿਆ । ਇਸਦੇ ਨਾਲ-ਨਾਲ ਪਿੰਡ ਕਾਹਨਗੜ੍ਹ ਕੋਲੋਂ 540 ਗ੍ਰਾਮ ਵਾਲਾ ਹੈਰੋਇਨ ਦਾ 1 ਪੈਕੇਟ ਵੀ ਬਰਾਮਦ ਹੋਇਆ ਏ ।

---------------------------------------------------------------------------

ਭਾਰਤ ਦੀਆਂ ਅੰਡਰ-18 ਲੜਕਿਆਂ ਅਤੇ ਲੜਕੀਆਂ ਦੀਆਂ ਟੀਮਾਂ ਨੇ ਬਹਿਰੀਨ ਵਿੱਚ ਹੋ ਰਹੀਆਂ ਏਸ਼ੀਆਈ ਯੁਵਾ ਖੇਡਾਂ 2025 ਵਿੱਚ, ਸੋਨੇ ਦੇ ਤਮਗੇ ਜਿੱਤੇ ਨੇ। ਕੁੜੀਆਂ ਦੀ ਟੀਮ ਨੇ ਫਾਈਨਲ ਵਿੱਚ ਈਰਾਨ ਨੂੰ 75-21 ਨਾਲ ਹਰਾਇਆ। ਨੇਹਾ ਪਟੇਲ ਨੇ 28 ਅੰਕ ਬਣਾਏ। ਭਾਰਤ ਨੇ ਕਬੱਡੀ ਮੁਕਾਬਲੇ ਦੇ ਪੰਜ ਮੈਚਾਂ ਵਿੱਚ 312 ਅੰਕ ਬਣਾਏ। ਲੜਕਿਆਂ ਦੀ

ਟੀਮ ਨੇ ਫਾਈਨਲ ਵਿੱਚ ਈਰਾਨ ਨੂੰ 35-32 ਨਾਲ ਹਰਾਇਆ । ਇਨ੍ਹਾਂ ਦੋ ਸੋਨ ਤਮਗਿਆਂ ਨਾਲ, ਭਾਰਤ ਹੁਣ ਤਗਮਾ ਸੂਚੀ ਵਿੱਚ ਉੱਪਰ ਆ ਗਿਆ ਏ ।

---------------------------------------------------------------

ਕੱਲ ਸ਼ੁਰੂ ਹੋਏ 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਮੈਂਟ ਵਿੱਚ ਅੱਜ RCF ਕਪੂਰਥਲਾ ਦਾ ਮੁਕਾਬਲਾ ਇੰਡੀਅਨ ਨੇਵੀ ਨਾਲ ਅਤੇ ਕੈਗ ਨਵੀਂ ਦਿੱਲੀ ਦਾ ਮੁਕਾਬਲਾ ਬੀ.ਐਸ.ਐਫ ਜਲੰਧਰ ਨਾਲ ਹੋ ਰਿਹਾ ਏ ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ 17ਵੇਂ ਰਾਸ਼ਟਰੀ ਰੁਜ਼ਗਾਰ ਮੇਲੇ ਦੌਰਾਨ, 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡੇ- ਕਿਹਾ ਰੁਜ਼ਗਾਰ ਮੇਲੇ, ਦੇਸ਼ ਦੇ ਨੌਜਵਾਨਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਇੱਕ ਮਾਧਿਅਮ ਬਣ ਗਏ ਨੇ -ਜਲੰਧਰ ਅਤੇ ਪਟਿਆਲਾ ਵਿਚ ਵੀ ਰੁਜ਼ਗਾਰ ਮੇਲਿਆਂ ਦਾ ਆਯੋਜਨ ।

- ਵਿਸ਼ਵ ਪੋਲੀਓ ਦਿਵਸ ਮੌਕੇ ਕੇਂਦਰੀ ਸਿਹਤ ਮੰਤਰੀ, ਜਗਤ ਪ੍ਰਕਾਸ਼ ਨੱਡਾ ਨੇ ਰਾਸ਼ਟਰੀ ਉਪਰਾਲਿਆਂ ਰਾਹੀਂ, ਪੋਲੀਓ ਦੇ ਖਾਤਮੇ ਵਿੱਚ ਭਾਰਤ ਦੀ ਸ਼ਾਨਦਾਰ ਯਾਤਰਾ ਨੂੰ ਉਜਾਗਰ ਕੀਤਾ।
- ਭਾਰਤ-ਤਿੱਬਤੀਅਨ ਸਰਹੱਦੀ ਪੁਲਿਸ-ITBP ਅੱਜ ਆਪਣਾ ਸਥਾਪਨਾ ਦਿਵਸ ਮਨਾ ਰਹੀ ਏ ।
- ਤਰਨਤਾਰਨ ਜ਼ਿਮਨੀ ਚੋਣ ਲਈ 15 ਉਮੀਦਵਾਰ ਚੋਣ ਮੈਦਾਨ ਵਿੱਚ- ਸਾਰੇ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕੀਤੇ ਗਏ।
- ਭਾਰਤ ਦੀਆਂ ਅੰਡਰ-18 ਮੁੰਡਿਆਂ ਅਤੇ ਕੁੜੀਆਂ ਦੀਆਂ ਟੀਮਾਂ ਨੇ, ਬਹਿਰੀਨ ਵਿੱਚ ਏਸ਼ੀਆਈ ਯੁਵਾ ਖੇਡਾਂ 2025 ਵਿੱਚ, ਸੋਨੇ ਦੇ ਤਮਗੇ ਜਿੱਤੇ ਨੇ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**